ਸੂਹੀ ਮਹਲਾ ੫ ਘਰੁ ੩ ॥ ਗੋਬਿੰਦਾ ਗੁਣ ਗਾਉ ਦਇਆਲਾ ॥ ਦਰਸਨੁ ਦੇਹੁ ਪੂਰਨ ਕਿਰਪਾਲਾ ॥ ਰਹਾਉ ॥ ਕਰਿ ਕਿਰਪਾ ਤੁਮ ਹੀ ਪ੍ਰਤਿਪਾਲਾ ॥ ਜੀਉ ਪਿੰਡੁ ਸਭੁ ਤੁਮਰਾ ਮਾਲਾ ॥੧॥ ਅੰਮ੍ਰਿਤ ਨਾਮੁ ਚਲੈ ਜਪਿ ਨਾਲਾ ॥ ਨਾਨਕੁ ਜਾਚੈ ਸੰਤ ਰਵਾਲਾ ॥੨॥੩੨॥੩੮॥ {ਪੰਨਾ 744}

ਪਦਅਰਥ:- ਗੋਬਿੰਦ—ਹੇ ਗੋਬਿੰਦ! ਦਇਆਲਾ—ਹੇ ਦਇਆਲ! ਕਿਰਪਾਲਾ—ਹੇ ਕਿਰਪਾਲ! ਗਾਉ—ਗਾਉਂ, ਮੈਂ ਗਾਂਦਾ ਰਹਾਂ। ਰਹਾਉ।

ਕਰਿ—ਕਰ ਕੇ। ਜੀਉ—ਜਿੰਦ। ਪਿੰਡੁ—ਸਰੀਰ। ਮਾਲਾ—ਮਾਲ, ਰਾਸਿ-ਪੂੰਜੀ।1।

ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ। ਜਪਿ—ਜਪਿਆ ਕਰ। ਨਾਨਕੁ ਜਾਚੈ—ਨਾਨਕ ਮੰਗਦਾ ਹੈ। ਸੰਤ ਰਵਾਲਾ—ਗੁਰੂ ਦੇ ਚਰਨਾਂ ਦੀ ਧੂੜ।2।

ਅਰਥ:- ਹੇ ਗੋਬਿੰਦ! ਹੇ ਦਇਆਲ! ਹੇ ਪੂਰਨ ਕਿਰਪਾਲ! (ਮੈਨੂੰ ਆਪਣਾ) ਦਰਸਨ ਦੇਹ, ਮੈਂ (ਸਦਾ ਤੇਰੇ) ਗੁਣ ਗਾਂਦਾ ਰਹਾਂ। ਰਹਾਉ।

ਹੇ ਗੋਬਿੰਦ! ਤੂੰ ਹੀ ਕਿਰਪਾ ਕਰ ਕੇ (ਅਸਾਂ ਜੀਵਾਂ ਦੀ) ਪਾਲਣਾ ਕਰਦਾ ਹੈਂ। ਇਹ ਜਿੰਦ ਇਹ ਸਰੀਰ ਸਭ ਕੁਝ ਤੇਰੀ ਹੀ ਦਿੱਤੀ ਹੋਈ ਰਾਸਿ-ਪੂੰਜੀ ਹੈ।1।

ਹੇ ਭਾਈ! ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ (ਸਦਾ) ਜਪਿਆ ਕਰ (ਇਹੀ ਇਥੋਂ ਜੀਵਾਂ ਦੇ) ਨਾਲ ਜਾਂਦਾ ਹੈ। ਨਾਨਕ (ਭੀ) ਗੁਰੂ ਦੇ ਚਰਨਾਂ ਦੀ ਧੂੜ ਮੰਗਦਾ ਹੈ। (ਜਿਸ ਦੀ ਬਰਕਤਿ ਨਾਲ ਹਰਿ-ਨਾਮ ਪ੍ਰਾਪਤ ਹੁੰਦਾ ਹੈ)।2।32।38।